ਸੋਰਠਿ ਮਹਲਾ ੧ ਘਰੁ ੩ ੴ ਸਤਿਗੁਰ ਪ੍ਰਸਾਦਿ ॥ ਜਾ ਤਿਸੁ ਭਾਵਾ ਤਦ ਹੀ ਗਾਵਾ ॥ ਤਾ ਗਾਵੇ ਕਾ ਫਲੁ ਪਾਵਾ ॥ ਗਾਵੇ ਕਾ ਫਲੁ ਹੋਈ ॥ ਜਾ ਆਪੇ ਦੇਵੈ ਸੋਈ ॥ ੧॥ ਮਨ ਮੇਰੇ ਗੁਰ ਬਚਨੀ ਨਿਧਿ ਪਾਈ ॥ ਤਾ ਤੇ ਸਚ ਮਹਿ ਰਹਿਆ ਸਮਾਈ ॥ ਰਹਾਉ ॥ ਗੁਰ ਸਾਖੀ ਅੰਤਰਿ ਜਾਗੀ ॥ ਤਾ ਚੰਚਲ ਮਤਿ ਤਿਆਗੀ ॥ ਗੁਰ ਸਾਖੀ ਕਾ ਉਜੀਆਰਾ ॥ ਤਾ ਮਿਟਿਆ ਸਗਲ ਅੰਧ੍ਯਾਰਾ ॥ ੨॥ ਗੁਰ ਚਰਨੀ ਮਨੁ ਲਾਗਾ ॥ ਤਾ ਜਮ ਕਾ ਮਾਰਗੁ ਭਾਗਾ ॥ ਭੈ ਵਿਚਿ ਨਿਰਭਉ ਪਾਇਆ ॥ ਤਾ ਸਹਜੈ ਕੈ ਘਰਿ ਆਇਆ ॥ ੩॥ ਭਣਤਿ ਨਾਨਕੁ ਬੂਝੈ ਕੋ ਬੀਚਾਰੀ ॥ ਇਸੁ ਜਗ ਮਹਿ ਕਰਣੀ ਸਾਰੀ ॥ ਕਰਣੀ ਕੀਰਤਿ ਹੋਈ ॥ ਜਾ ਆਪੇ ਮਿਲਿਆ ਸੋਈ ॥੪॥੧॥੧੨॥ {ਪੰਨਾ 599-600}

ਨੋਟ:- ਵੇਖੋ ਇਸੇ ਰਾਗ ਵਿਚ ਨਾਮਦੇਵ ਜੀ ਦਾ ਸ਼ਬਦ "ਜਬ ਦੇਖਾ ਤਬ ਗਾਵਾ"। ਦੋਹਾਂ ਸ਼ਬਦਾਂ ਵਿਚ ਬਹੁਤ ਹੀ ਨੇੜੇ ਦੀ ਸਾਂਝ ਹੈ। ਗੁਰੂ ਨਾਨਕ ਦੇਵ ਜੀ ਦੇ ਪਾਸ ਭਗਤ ਨਾਮਦੇਵ ਜੀ ਦੀ ਬਾਣੀ ਮੌਜੂਦ ਸੀ।

ਪਦਅਰਥ:- ਜਾ—ਜਦੋਂ। ਤਿਸੁ—ਉਸ (ਪ੍ਰਭੂ) ਨੂੰ। ਭਾਵਾ—ਭਾਵਾਂ, ਮੈਂ ਚੰਗਾ ਲੱਗਾਂ। ਗਾਵਾ—ਮੈਂ ਗਾ ਸਕਦਾ ਹਾਂ, ਸਿਫ਼ਤਿ-ਸਾਲਾਹ ਕਰ ਸਕਦਾ ਹਾਂ। ਤਾ—ਤਦੋਂ। ਗਾਵੇ ਕਾ—ਸਿਫ਼ਤਿ-ਸਾਲਾਹ ਦਾ। ਪਾਵਾ—ਮੈਂ ਪਾ ਸਕਦਾ ਹਾਂ। ਸੋਈ—ਉਹ ਪ੍ਰਭੂ ਹੀ।1।

ਮਨ—ਹੇ ਮਨ! ਬਚਨੀ—ਬਚਨਾਂ ਦੀ ਰਾਹੀਂ। ਨਿਧਿ—ਖ਼ਜ਼ਾਨਾ, ਸਿਫ਼ਤਿ-ਸਾਲਾਹ ਦਾ ਖ਼ਜ਼ਾਨਾ। ਪਾਈ—(ਜਿਸ ਨੇ) ਪਾ ਲਿਆ। ਤਾ ਤੇ—ਉਸ (ਖ਼ਜ਼ਾਨੇ) ਤੋਂ, ਸਿਫ਼ਤਿ ਸਾਲਾਹ ਦੇ ਉਸ ਖ਼ਜ਼ਾਨੇ ਦੀ ਬਰਕਤਿ ਨਾਲ। ਸਚ—ਸਦਾ-ਥਿਰ ਰਹਿਣ ਵਾਲਾ ਪਰਮਾਤਮਾ। ਰਹਾਉ।

ਸਾਖੀ—ਸਿੱਖਿਆ। ਜਾਗੀ—ਜਗ ਪਈ, ਜੋਤਿ ਜਗ ਪਈ। ਤਾ—ਤਦੋਂ। ਚੰਚਲ—ਇੱਕ ਥਾਂ ਨਾਹ ਟਿਕਣ ਵਾਲੀ, ਭਟਕਣਾ ਵਿਚ ਪਾਈ ਰੱਖਣ ਵਾਲੀ। ਉਜੀਆਰਾ—ਚਾਨਣ (ਆਤਮਕ)। ਅੰਧਯਾਰਾ—(ਅਗਿਆਨਤਾ ਦਾ) ਹਨੇਰਾ।2।

ਮਾਰਗੁ—ਰਸਤਾ। ਜਮ ਕਾ ਮਾਰਗੁ—ਉਹ ਜੀਵਨ-ਰਸਤਾ ਜੋ ਆਤਮਕ ਮੌਤ ਵਲ ਲੈ ਜਾਂਦਾ ਹੈ। ਸਹਜ—ਅਡੋਲ ਆਤਮਕ ਅਵਸਥਾ, ਸ਼ਾਂਤੀ।3।

ਭਣਤਿ—ਆਖਦਾ ਹੈ। ਕੋ ਬੀਚਾਰੀ—ਕੋਈ ਵਿਚਾਰਵਾਨ ਹੀ। ਕਰਣੀ—{krxIX} ਕਰਨ-ਜੋਗ ਕੰਮ। ਸਾਰੀ—ਸ੍ਰੇਸ਼ਟ। ਕੀਰਤਿ—ਸਿਫ਼ਤਿ-ਸਾਲਾਹ। ਆਪੇ—(ਪ੍ਰਭੂ) ਆਪ ਹੀ।4।

ਅਰਥ:- ਹੇ ਮੇਰੇ ਮਨ! ਜਿਸ ਮਨੁਖ ਨੇ ਗੁਰੂ ਦੇ ਬਚਨਾਂ ਤੇ ਤੁਰ ਕੇ (ਸਿਫ਼ਤਿ-ਸਾਲਾਹ ਦਾ) ਖ਼ਜ਼ਾਨਾ ਲੱਭ ਲਿਆ, ਉਹ ਉਸ (ਖ਼ਜ਼ਾਨੇ) ਦੀ ਬਰਕਤਿ ਨਾਲ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਸਦਾ ਟਿਕਿਆ ਰਹਿੰਦਾ ਹੈ। ਰਹਾਉ।

(ਹੇ ਮੇਰੇ ਮਨ!) ਜਦੋਂ ਮੈਂ ਉਸ ਪ੍ਰਭੂ ਨੂੰ ਚੰਗਾ ਲੱਗਦਾ ਹਾਂ (ਭਾਵ, ਜਦੋਂ ਉਹ ਮੇਰੇ ਉਤੇ ਖ਼ੁਸ਼ ਹੁੰਦਾ ਹੈ) ਤਦੋਂ ਹੀ ਮੈਂ ਉਸ ਦੀ ਸਿਫ਼ਤਿ-ਸਾਲਾਹ ਕਰ ਸਕਦਾ ਹਾਂ, ਤਦੋਂ ਹੀ (ਭਾਵ, ਉਸ ਦੀ ਮੇਹਰ ਨਾਲ ਹੀ) ਮੈਂ ਸਿਫ਼ਤਿ-ਸਾਲਾਹ ਕਰਨ ਦਾ ਫਲ ਪ੍ਰਾਪਤ ਕਰ ਸਕਦਾ ਹਾਂ। ਸਿਫ਼ਤਿ-ਸਾਲਾਹ ਕਰਨ ਦਾ ਜੋ ਫਲ ਹੈ (ਕਿ ਸਦਾ ਉਸ ਦੇ ਚਰਨਾਂ ਵਿਚ ਲੀਨ ਰਹਿ ਸਕੀਦਾ ਹੈ, ਇਹ ਭੀ ਤਦੋਂ ਹੀ ਮਿਲਦਾ ਹੈ) ਜਦੋਂ ਉਹ ਪ੍ਰਭੂ ਆਪ ਹੀ ਦੇਂਦਾ ਹੈ।1।

ਜਦੋਂ ਜਿਸ ਮਨੁੱਖ ਦੇ ਅੰਦਰ ਸਤਿਗੁਰੂ ਦੀ (ਸਿਫ਼ਤਿ-ਸਾਲਾਹ ਕਰਨ ਦੀ ਸਿੱਖਿਆ ਦੀ) ਜੋਤਿ ਜਗ ਪੈਂਦੀ ਹੈ ਤਦੋਂ ਉਹ ਮਨੁੱਖ ਉਹ ਮਤਿ ਛੱਡ ਦੇਂਦਾ ਹੈ ਜੋ ਮਾਇਆ ਪਿਛੇ ਭਟਕਣ ਵਲ ਪਾਈ ਰੱਖਦੀ ਹੈ। ਜਦੋਂ (ਮਨੁੱਖ ਦੇ ਅੰਦਰ) ਗੁਰੂ ਦੇ ਉਪਦੇਸ਼ ਦਾ (ਆਤਮਕ) ਚਾਨਣ ਹੁੰਦਾ ਹੈ, ਤਦੋਂ ਉਸ ਦੇ ਅੰਦਰੋਂ (ਅਗਿਆਨਤਾ ਵਾਲਾ) ਸਾਰਾ ਹਨੇਰਾ

ਦੂਰ ਹੋ ਜਾਂਦਾ ਹੈ।2।

ਜਦੋਂ ਜਿਸ ਮਨੁੱਖ ਦਾ ਮਨ ਗੁਰੂ ਦੇ ਚਰਨਾਂ ਵਿਚ ਜੁੜਦਾ ਹੈ, ਤਦੋਂ ਉਸ ਮਨੁੱਖ ਦਾ ਉਹ ਜੀਵਨ-ਰਸਤਾ ਖ਼ਤਮ ਹੋ ਜਾਂਦਾ ਹੈ ਜਿਸ ਤੇ ਤੁਰਿਆਂ ਆਤਮਕ ਮੌਤ ਹੋ ਰਹੀ ਸੀ। ਪਰਮਾਤਮਾ ਦੇ ਡਰ-ਅਦਬ ਵਿਚ ਰਹਿ ਕੇ ਜਦੋਂ ਮਨੁੱਖ ਨਿਰਭਉ ਪ੍ਰਭੂ ਨਾਲ ਮਿਲਾਪ ਹਾਸਲ ਕਰਦਾ ਹੈ, ਤਦੋਂ ਉਹ ਅਡੋਲ ਆਤਮਕ ਅਵਸਥਾ ਦੇ ਘਰ ਵਿਚ ਟਿਕ ਜਾਂਦਾ ਹੈ।3।

ਪਰ, ਨਾਨਕ ਆਖਦਾ ਹੈ—ਕੋਈ ਵਿਰਲਾ ਵਿਚਾਰਵਾਨ ਹੀ ਸਮਝਦਾ ਹੈ ਕਿ ਇਸ ਜ਼ਿੰਦਗੀ ਵਿਚ (ਪਰਮਾਤਮਾ ਦੀ ਸਿਫ਼ਤਿ ਹੀ) ਸ੍ਰੇਸ਼ਟ ਕਰਨ-ਜੋਗ ਕੰਮ ਹੈ। ਜਦੋਂ ਪ੍ਰਭੂ ਆਪ (ਮੇਹਰ ਕਰ ਕੇ ਜੀਵ ਦੇ ਹਿਰਦੇ ਵਿਚ) ਪਰਗਟ ਹੁੰਦਾ ਹੈ ਤਦੋਂ ਉਸ ਨੂੰ ਸਿਫ਼ਤਿ-ਸਾਲਾਹ ਦੀ (ਸ੍ਰੇਸ਼ਟ) ਕਾਰ ਮਿਲ ਜਾਂਦੀ ਹੈ।4।1।12।